**ਨੰ: 21/47/2009-5ਸਿ5/1210**

**ਪੰਜਾਬ ਸਰਕਾਰ**
**ਸਿਹਤ ਤੇ ਪਰਿਵਾਰ ਭਲਾਈ ਵਿਭਾਗ**
**(ਸਿਹਤ-5 ਸ਼ਾਖਾ)**

ਸੇਵਾ ਵਿਖੇ

ਰਾਜ ਦੇ ਸਮੂਹ ਵਿਭਾਗਾਂ ਦੇ ਮੁੱਖੀ, ਡਵੀਜਨਾਂ ਦੇ ਕਮਿਸ਼ਨਰ,
ਰਜਿਸਟਰਾਰ, ਪੰਜਾਬ ਅਤੇ ਹਰਿਆਣਾ ਹਾਈਕੋਰਟ,
ਰਾਜ ਦੇ ਸਮੂਹ ਡਿਪਟੀ ਕਮਿਸ਼ਨਰ, ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ,
ਰਾਜ ਦੇ ਸਮੂਹ ਸਿਵਲ ਸਰਜਨ, ਪ੍ਰਿੰਸੀਪਲ ਮੈਡੀਕਲ/ਡੈਂਟਲ ਕਾਲਜ,
ਪਟਿਆਲਾ, ਫਰੀਦਕੋਟ ਅਤੇ ਅੰਮ੍ਰਿਤਸਰ ।

ਮਿਤੀ, ਚੰਡੀਗੜ੍ਹ : 24 ਜੂਨ, 2010

**ਵਿਸ਼ਾ:-** **ਰਾਜ ਸਰਕਾਰ ਦੇ ਕਰਮਚਾਰੀਆਂ/ਅਧਿਕਾਰੀਆਂ/ਪੈਨਸ਼ਨਰਾਂ ਅਤੇ ਉਹਨਾਂ ਦੇ ਆਸ਼ਰਿਤਾਂ ਨੂੰ ਮੈਡੀਕਲ ਖਰਚੇ ਦੀ ਪੂਰੀ-ਪੂਰਤੀ ਕਰਨ ਸਬੰਧੀ ਪਾਇਸੀ ਅਧੀਨ ਵਿਤੀ ਅਧਿਕਾਰਾਂ ਦਾ ਵਿਕੇਂਦਰੀਕਰਨ ਕਰਨ ਸਬੰਧੀ ।**

*******

ਸ੍ਰੀਮਾਨ ਜੀ,

ਉਪਰੋਕਤ ਵਿਸ਼ੇ ਤੇ ਮੈਨੂੰ ਪੰਜਾਬ ਸਰਕਾਰ ਦੇ ਸਮੇਂ-ਸਮੇਂ ਜਾਰੀ ਹੋਏ ਹਦਾਇਤੀ ਪੱਤਰਾਂ ਵੱਲ ਆਪ ਜੀ ਦਾ ਧਿਆਨ ਦਿਵਾਉਣ ਅਤੇ ਇਹ ਲਿਖਣ ਦੀ ਹਦਾਇਤ ਹੋਈ ਹੈ ਕਿ ਵਿੱਤੀ ਅਧਿਕਾਰਾਂ ਨੂੰ ਹੋਰ ਵਿਕੇਂਦਰੀਕਰਨ ਕਰਨ ਦਾ ਮਾਮਲਾ ਪਿਛਲੇ ਕੁੱਝ ਸਮੇਂ ਤੋਂ ਸਰਕਾਰ ਦੇ ਵਿਚਾਰ ਅਧੀਨ ਰਿਹਾ ਹੈ, ਜਿਸ ਨੂੰ ਗਹੁ ਨਾਲ ਵਿਚਾਰਨ ਉਪਰੰਤ ਮੈਡੀਕਲ ਬਿੱਲਾਂ ਦੀ ਮਨਜ਼ੂਰੀ ਲਈ ਹੇਠ ਲਿਖੇ ਅਨੁਸਾਰ ਵਿੱਤੀ ਅਧਿਕਾਰਾਂ ਦਾ ਵਿਕੇਂਦਰੀਕਰਨ ਕਰਨ ਦਾ ਫੈਸਲਾ ਕੀਤਾ ਗਿਆ ਹੈ:-

| | | |
|---|---|---|
| (ੳ) | **ਮੈਡੀਕਲ ਬਿੱਲਾਂ ਦੀ ਵਿੱਤੀ ਮੰਨਜ਼ੂਰੀ ਸਮਰੱਥ ਅਧਿਕਾਰੀ** | **ਮੈਡੀਕਲ ਬਿੱਲਾਂ ਦੀ ਮੰਨਜ਼ੂਰੀ ਲਈ ਸ਼ਰਤ** |
| (1) | ਸਬੰਧਤ ਵਿਭਾਗ ਦਾ ਜ਼ਿਲ੍ਹਾ ਅਧਿਕਾਰੀ (ਸਰਕਾਰੀ ਕਰਮਚਾਰੀਆਂ ਅਤੇ ਪੈਨਸ਼ਨਰ ਲਈ ਜਿਨ੍ਹਾਂ ਦੇ ਜ਼ਿਲ੍ਹਾ ਪੱਧਰ ਤੇ ਦਫ਼ਤਰ ਹਨ ।) | 50,000/-(ਪੰਜਾਹ ਹਜ਼ਾਰ) ਰੁਪਏ ਤੱਕ ਪ੍ਰਤੀ ਕੇਸ । |
| (2) | ਜ਼ਿਲ੍ਹੇ ਦਾ ਸਿਵਲ ਸਰਜਨ (ਕੇਵਲ ਅਜਿਹੇ ਪੈਨਸ਼ਨਰਾਂ ਲਈ, ਜਿਸ ਮਹਿਕਮੇ ਦਾ ਦਫ਼ਤਰ ਜ਼ਿਲ੍ਹਾ ਪੱਧਰ ਤੇ ਨਹੀਂ ।) | 50,000/- (ਪੰਜਾਹ ਹਜ਼ਾਰ) ਰੁਪਏ ਤੱਕ ਪ੍ਰਤੀ ਕੇਸ । |